# TODAY'S HUKAMNAMA FROM SRI DARBAR SAHIB
## Sri Amritsar.

**[June 17, 2013, Monday 04:30 AM. IST]**

ਵਡਹੰਸੁ ਮਹਲਾ ੧ ਘਰੁ ੨ ॥

ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ ॥ ਤੇਰੇ ਮੁੰਧ ਕਟਾਰੇ ਜੇਵਡਾ ਤਿਨਿ ਲੋਭੀ ਲੋਭ ਲੁਭਾਇਆ ॥ ਤੇਰੇ ਦਰਸਨ ਵਿਟਹੁ ਖੰਨੀਐ ਵੰਞਾ ਤੇਰੇ ਨਾਮ ਵਿਟਹੁ ਕੁਰਬਾਣੋ ॥ ਜਾ ਤੂ ਤਾ ਮੈ ਮਾਣੁ ਕੀਆ ਹੈ ਤੁਧੁ ਬਿਨੁ ਕੇਹਾ ਮੇਰਾ ਮਾਣੋ ॥ ਚੂੜਾ ਭੰਨੁ ਪਲੰਘ ਸਿਉ ਮੁੰਧੇ ਸਣੁ ਬਾਹੀ ਸਣੁ ਬਾਹਾ ॥ ਏਤੇ ਵੇਸ ਕਰੇਦੀਏ ਮੁੰਧੇ ਸਹੁ ਰਾਤੋ ਅਵਰਾਹਾ ॥ ਨਾ ਮਨੀਆਰੁ ਨ ਚੂੜੀਆ ਨਾ ਸੇ ਵੰਗੁੜੀਆਹਾ ॥ ਜੋ ਸਹ ਕੰਠਿ ਨ ਲਗੀਆ ਜਲਨੁ ਸਿ ਬਾਹੜੀਆਹਾ ॥ ਸਭਿ ਸਹੀਆ ਸਹੁ ਰਾਵਣਿ ਗਈਆ ਹਉ ਦਾਧੀ ਕੈ ਦਰਿ ਜਾਵਾ ॥ ਅੰਮਾਲੀ ਹਉ ਖਰੀ ਸੁਚਜੀ ਤੈ ਸਹ ਏਕਿ ਨ ਭਾਵਾ ॥ ਮਾਠਿ ਗੁੰਦਾਈਂ ਪਟੀਆ ਭਰੀਐ ਮਾਗ ਸੰਧੂਰੇ ॥ ਅਗੈ ਗਈ ਨ ਮੰਨੀਆ ਮਰਉ ਵਿਸੂਰਿ ਵਿਸੂਰੇ ॥ ਮੈ ਰੋਵੰਦੀ ਸਭੁ ਜਗੁ ਰੁਨਾ ਰੁੰਨੜੇ ਵਣਹੁ ਪੰਖੇਰੂ ॥ ਇਕੁ ਨ ਰੁਨਾ ਮੇਰੇ ਤਨ ਕਾ ਬਿਰਹਾ ਜਿਨਿ ਹਉ ਪਿਰਹੁ ਵਿਛੋੜੀ ॥ ਸੁਪਨੈ ਆਇਆ ਭੀ ਗਇਆ ਮੈ ਜਲੁ ਭਰਿਆ ਰੋਇ ॥ ਆਇ ਨ ਸਕਾ ਤੁਝ ਕਨਿ ਪਿਆਰੇ ਭੇਜਿ ਨ ਸਕਾ ਕੋਇ ॥ ਆਉ ਸਭਾਗੀ ਨੀਦੜੀਏ ਮਤੁ ਸਹੁ ਦੇਖਾ ਸੋਇ ॥ ਤੈ ਸਾਹਿਬ ਕੀ ਬਾਤ ਜਿ ਆਖੈ ਕਹੁ ਨਾਨਕ ਕਿਆ ਦੀਜੈ ॥ ਸੀਸੁ ਵਢੇ ਕਰਿ ਬੈਸਣੁ ਦੀਜੈ ਵਿਣੁ ਸਿਰ ਸੇਵ ਕਰੀਜੈ ॥ ਕਿਉ ਨ ਮਰੀਜੈ ਜੀਅੜਾ ਨ ਦੀਜੈ ਜਾ ਸਹੁ ਭਇਆ ਵਿਡਾਣਾ ॥੧॥੩॥

ਪ੍ਰਭੂ ਤੋਂ ਵਿਛੁੜੀ ਜੀਵ ਆਤਮਾ ਦੀ ਅਵੱਸਥਾ ਦਾ ਵਰਣਨ ਆਪਣੇ ਪਤੀ ਤੋਂ ਵਿਛੁੜੀ ਬਿਰਹਨੀ ਦੇ ਰੂਪ ਵਿਚ ਕੀਤਾ ਗਿਆ ਹੈ ।ਜਿਵੇ ਉਸ ਨੂੰ ਕੋਈ ਸਰੀਰਕ ਹਾਰ ਸ਼ਿੰਗਾਰ ਚੰਗਾ ਨਹੀ ਲਗਦਾ ਇਸੇ ਤਰ੍ਹਾਂ ਜੀਵ ਆਤਮਾ ਦਾ ਮਨ ਸਰੀਰਕ ਸੁੱਖ ਤੇ ਸੰਸਾਰਕ ਖ਼ੁਸ਼ੀਆਂ ਵਿਚ ਨਹੀ ਲਗਦਾ ।ਉਸਨੂੰ ਸਾਰਾ ਆਲਾ ਦੁਆਲਾ ਵੀ ਦੁਖ ਮਈ ਪ੍ਰਤੀਤ ਹੁੰਦਾ ਹੈ ।ਹਾਂ ਜੇਕਰ ਕਝ ਚੰਗਾ ਲਗਦਾ ਹੈ ਤਾਂ ਆਪਣੇ ਸਵਾਮੀ ਦੀਆ ਗੱਲਾਂ ਕਰਨ ਵਾਲੇ ਉਸਦਾ ਜੱਸ ਕਰਨ ਵਾਲੇ ਸਤਿਸੰਗੀ ਹੀ ਚੰਗੇ ਲਗਦੇ ਹਨ।